# ਡਿਪਟੀ ਕਮਿਸ਼ਨਰ ਨੇ ਝੋਨੇ ਦੀ ਪਰਾਲੀ/ਰਹਿੰਦ-ਖੂੰਹਦ ਨੂੰ ਨਾ ਸਾੜਨ ਦਾ ਸੁਨੇਹਾ ਘਰ-ਘਰ ਪਹੁੰਚਾਉਣ ਲਈ ਜਾਗਰੂਕਤਾ ਵੈਨ ਨੂੰ ਹਰੀ ਝੰਡੀ ਦੇ ਕੇ ਕੀਤਾ ਰਵਾਨਾ

- **ਵੈਨ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਪੈਦਾ ਹੋਣ ਵਾਲੇ ਪ੍ਰਦੂਸ਼ਣ ਅਤੇ ਹੋਰ ਨੁਕਸਾਨਾਂ ਬਾਰੇ ਕਰੇਗੀ ਜਾਗਰੂਕ**
- **ਨੈਸ਼ਨਲ ਗ੍ਰੀਨ ਟ੍ਰਿਬਿਊਨਲ ਵੱਲੋ ਜਾਰੀ ਆਦੇਸ਼ਾਂ ਅਨੁਸਾਰ ਫ਼ਸਲਾਂ ਦੀ ਰਹਿੰਦ-ਖੂਹੰਦ ਨੂੰ ਅੱਗ ਲਗਾਉਣ ਵਾਲੇ ਦੋਸ਼ੀ ਵਿਅਕਤੀਆਂ ਕੋਲੋ ਵਸੂਲਿਆ ਜਾਵੇਗਾ ਜੁਰਮਾਨਾ**

ਮੋਗਾ 19 ਸਤੰਬਰ:

ਜ਼ਿਲ੍ਹਾ ਮੋਗਾ ਦੇ ਡਿਪਟੀ ਕਮਿਸ਼ਨਰ ਸ. ਦਿਲਰਾਜ ਸਿੰਘ ਆਈ.ਏ.ਐਸ. ਵੱਲੋ ਝੋਨੇ ਦੀ ਪਰਾਲੀ/ਰਹਿੰਦ-ਖੂੰਹਦ ਨੂੰ ਅੱਗ ਲਗਾ ਕੇ ਨਾ ਸਾੜਨ ਦਾ ਸੁਨੇਹਾ ਘਰ-ਘਰ ਪਹੁੰਚਾਉਣ ਲਈ ਇੱਕ ਜਾਗਰੂਕਤਾ ਵੈਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ। ਇਹ ਵੈਨ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਨਾਲ ਪੈਦਾ ਹੋਣ ਵਾਲੇ ਪ੍ਰਦੂਸ਼ਣ ਅਤੇ ਇਸ ਦੇ ਦੁਰਪ੍ਰਭਾਵਾਂ ਤੇ ਪੈਦਾ ਹੋਣ ਵਾਲੇ ਹੋਰ ਨੁਕਸਾਨਾਂ ਬਾਰੇ ਜਾਗਰੂਕ ਕਰੇਗੀ। ਇਸ ਮੌਕੇ 'ਤੇ ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ ਦੇ ਉਪ ਮੰਡਲ ਅਫ਼ਸਰ ਇੰਜੀਨੀਅਰ ਗੁਰਮੀਤ ਸਿੰਘ ਅਤੇ ਮੁੱਖ ਖੇਤੀਬਾੜੀ ਅਫ਼ਸਰ ਡਾ: ਪਰਮਜੀਤ ਸਿੰਘ ਬਰਾੜ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਫਸਲਾਂ ਦੀ ਰਹਿੰਦ-ਖੂਹੰਦ ਨੂੰ ਅੱਗ ਲਗਾਉਣ ਨਾਲ ਪੈਦਾ ਹੋਣ ਵਾਲੇ ਪ੍ਰਦੂਸ਼ਣ ਦੇ ਖਿਲਾਫ਼ ਮਾਣਯੋਗ ਨੈਸ਼ਨਲ ਗ੍ਰੀਨ ਟ੍ਰਿਬਿਊਨਲ, ਨਵੀਂ ਦਿੱਲੀ ਵੱਲੋਂ ਬਹੁਤ ਸਖਤੀ ਵਰਤੀ ਜਾ ਰਹੀ ਹੈ। ਉਨ੍ਹਾਂ ਵੱਲੋਂ ਇਹ ਵੀ ਦੱਸਿਆ ਗਿਆ ਕਿ ਖੇਤਾਂ ਦੇ ਵਿੱਚ ਫਸਲਾਂ ਦੀ ਰਹਿੰਦ-ਖੂਹੰਦ ਨੂੰ ਅੱਗ ਲਗਾਉਣ ਨਾਲ ਇੱਕ ਪਾਸੇ ਜਿੱਥੇ ਵਾਤਾਵਰਨ ਪ੍ਰਦੂਸ਼ਿਤ ਹੁੰਦਾ ਹੈ, ਉੱਥੇ ਮਨੁੱਖੀ ਸਰੀਰ ਲਈ ਕਈ ਤਰ੍ਹਾਂ ਦੀਆਂ ਗੰਭੀਰ ਬਿਮਾਰੀਆਂ ਫ਼ੈਲਦੀਆਂ ਹਨ ਅਤੇ ਸਾਹ ਲੈਣਾ ਵੀ ਔਖਾ ਹੋ ਜਾਂਦਾ ਹੈ, ਦੂਸਰੇ ਪਾਸੇ ਜ਼ਮੀਨ ਵਿੱਚ ਮੌਜੂਦ ਮਿੱਤਰ ਕੀੜੇ ਅਤੇ ਹੋਰ ਉਪਜਾਊ ਤੱਤ ਵੀ ਨਸ਼ਟ ਹੋ ਜਾਂਦੇ ਹਨ। ਇਸ ਲਈ ਇਸ ਰੁਝਾਣ ਨੂੰ ਰੋਕਣਾ ਅਤਿ ਜ਼ਰੂਰੀ ਹੈ। ਉਨ੍ਹਾਂ ਵੱਲੋਂ ਇਹ ਵੀ ਦੱਸਿਆ ਗਿਆ ਕਿ ਮਾਣਯੋਗ ਨੈਸ਼ਨਲ ਗ੍ਰੀਨ ਟ੍ਰਿਬਿਊਨਲ, ਨਵੀਂ ਦਿੱਲੀ ਵੱਲੋ ਜਾਰੀ ਕੀਤੇ ਗਏ ਹੁਕਮਾਂ ਅਨੁਸਾਰ ਫ਼ਸਲਾਂ ਦੀ ਰਹਿੰਦ-ਖੂਹੰਦ ਨੂੰ ਅੱਗ ਲਗਾਉਣ ਵਾਲੇ ਦੋਸ਼ੀ ਵਿਅਕਤੀਆਂ ਕੋਲੋ ਜੁਰਮਾਨਾ ਵਸੂਲਿਆ ਜਾਵੇਗਾ ਅਤੇ ਜੁਰਮਾਨਾ ਅਦਾ ਨਾ ਕਰਨ ਦੀ ਸੂਰਤ ਵਿੱਚ ਉਸ ਵਿਅਕਤੀ ਦੇ ਖਿਲਾਫ਼ ਕਾਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ।

----------------

ਨੰ: ਪੀ.ਆਰ(ਪ੍ਰੈ ਰੀ)2017/516


ਝੋਨੇ ਦੀ ਪਰਾਲੀ ਨੂੰ ਅੱਗ ਲਾਉਣ ਨਾਲ
ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ
PB29M 943